ਸਿਰੀਰਾਗੁ ਮਹਲਾ ੧ ਘਰੁ ੨ ॥ ਧਨੁ ਜੋਬਨੁ ਅਰੁ ਫੁਲੜਾ ਨਾਠੀਅੜੇ ਦਿਨ ਚਾਰਿ ॥ ਪਬਣਿ ਕੇਰੇ ਪਤ ਜਿਉ ਢਲਿ ਢੁਲਿ ਜੁੰਮਣਹਾਰ ॥੧॥ ਰੰਗੁ ਮਾਣਿ ਲੈ ਪਿਆਰਿਆ ਜਾ ਜੋਬਨੁ ਨਉ ਹੁਲਾ ॥ ਦਿਨ ਥੋੜੜੇ ਥਕੇ ਭਇਆ ਪੁਰਾਣਾ ਚੋਲਾ ॥੧॥ ਰਹਾਉ ॥ ਸਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ ॥ ਹੰ ਭੀ ਵੰਞਾ ਡੁਮਣੀ ਰੋਵਾ ਝੀਣੀ ਬਾਣਿ ॥੨॥ ਕੀ ਨ ਸੁਣੇਹੀ ਗੋਰੀਏ ਆਪਣ ਕੰਨੀ ਸੋਇ ॥ ਲਗੀ ਆਵਹਿ ਸਾਹੁਰੈ ਨਿਤ ਨ ਪੇਈਆ ਹੋਇ ॥ ੩॥ ਨਾਨਕ ਸੁਤੀ ਪੇਈਐ ਜਾਣੁ ਵਿਰਤੀ ਸੰਨਿ ॥ ਗੁਣਾ ਗਵਾਈ ਗੰਠੜੀ ਅਵਗਣ ਚਲੀ ਬੰਨਿ ॥੪॥੨੪॥ {ਪੰਨਾ 23}

ਪਦਅਰਥ:- ਅਰੁ—ਅਤੇ {ਨੋਟ:- ਲਫ਼ਜ਼ 'ਅਰੁ' ਸਦਾ ੁ ਅੰਤ ਹੈ, ਇਸ ਦਾ ਅਰਥ ਹੈ 'ਅਤੇ'। ਲਫ਼ਜ਼ 'ਅਰਿ' ਿ-ਅੰਤ ਹੈ, ਉਸ ਦਾ ਅਰਥ ਹੈ 'ਵੈਰੀ'}। ਫੁਲੜਾ—ਸੋਹਣਾ ਜਿਹਾ ਫੁੱਲ। ਨਾਠੀਅੜੇ—ਪਰਾਹੁਣੇ। ਪਬਣਿ—ਪਾਣੀ ਦੇ ਕੰਢੇ ਉੱਗੀ ਹੋਈ ਚੌਪੱਤੀ। ਕੇਰੇ—ਦੇ। ਪਤ—ਪੱਤਰ (ਬਹੁ-ਵਚਨ)। ਢਲਿ ਢੁਲਿ—ਕੁਮਲਾ ਕੇ, ਸੁੱਕ ਕੇ। ਜੁੰਮਣਹਾਰ—{ਸਿੰਧੀ} ਤੁਰ ਜਾਣ ਵਾਲੇ, ਨਾਸਵੰਤ।1।

ਰੰਗ—ਆਤਮਕ ਆਨੰਦ। ਜਾ—ਜਦ ਤਕ। ਨਉਹੁਲਾ—ਨਵਾਂ, ਨਵੇਂ ਹੁਲਾਰੇ ਵਾਲਾ। ਥਕੇ—ਥੱਕੇ, ਰਹਿ ਗਏ। ਚੋਲਾ—ਸਰੀਰ।1। ਰਹਾਉ।

ਰੰਗੁਲੇ—ਪਿਆਰੇ। ਜੀਰਾਣਿ—ਜੀਰਾਣ ਵਿਚ, ਕਬਰਿਸਤਾਨ ਵਿਚ। ਹੰਭੀ—ਹਉ ਭੀ, ਮੈਂ ਭੀ। ਵੰਞਾ—ਵੰਞਾ, ਜਾਵਾਂਗੀ। ਡੁਮਣੀ—ਦੁ-ਮਨੀ, ਦੁਚਿੱਤੀ ਹੋ ਕੇ। ਰੋਵਾ—ਰੋਵਾਂ, (ਹੁਣ) ਰੋਂਦੀ ਹਾਂ। ਝੀਣੀ—ਮੱਧਮ, ਧੀਮੀ। ਬਾਣਿ—ਆਵਾਜ਼, ਬਾਣੀ।2।

ਗੋਰੀਏ—ਹੇ ਸੁੰਦਰ ਜੀਵ-ਇਸਤ੍ਰੀ! ਆਪਣ ਕੰਨੀ—ਆਪਣੇ ਕੰਨਾਂ ਨਾਲ, ਧਿਆਨ ਦੇ ਕੇ। ਸੋਇ—ਖ਼ਬਰ। ਲਗੀ ਆਵਹਿ—ਜ਼ਰੂਰ ਆਵੇਂਗੀ। ਪੇਈਆ—ਪੇਕਾ-ਘਰ, ਇਹ ਜਗਤ।3।

ਸੁਤੀ—ਗ਼ਾਫ਼ਲ ਬੇ-ਪਰਵਾਹ ਹੋ ਰਹੀ। ਪੇਈਐ—ਪੇਕੇ-ਘਰ ਵਿਚ। ਜਾਣੁ—ਸਮਝ। ਵਿਰਤੀ—ਵਿ-ਰਾਤ੍ਰੀ, ਰਾਤ ਦੇ ਉਲਟ, ਦਿਨ-ਦਿਹਾੜੇ। ਗੰਠੜੀ—ਨਿੱਕੀ ਜਿਹੀ ਪੋਟਲੀ। ਬੰਨਿ—ਬੰਨ੍ਹ ਕੇ, ਇਕੱਠੇ ਕਰ ਕੇ।4।

ਅਰਥ:- ਧਨ, ਜੁਆਨੀ ਅਤੇ ਨਿੱਕਾ ਜਿਹਾ ਫੁੱਲ—ਇਹ ਚਾਰ ਦਿਨਾਂ ਦੇ ਹੀ ਪਰਾਹੁਣੇ ਹੁੰਦੇ ਹਨ। ਜਿਵੇਂ ਚੌਪੱਤੀ ਦੇ ਪੱਤਰ (ਪਾਣੀ ਦੇ) ਢਲ ਜਾਣ ਨਾਲ ਸੁੱਕ ਕੇ ਨਾਸ ਹੋ ਜਾਂਦੇ ਹਨ, ਤਿਵੇਂ ਇਹ ਭੀ ਨਾਸ ਹੋ ਜਾਂਦੇ ਹਨ।1।

ਹੇ ਪਿਆਰੇ! ਜਦ ਤਕ ਨਵੀਂ ਜੁਆਨੀ ਹੈ ਤਦ ਤਕ ਆਤਮਕ ਅਨੰਦ ਲੈ ਲੈ; ਜਦੋਂ ਉਮਰ ਦੇ ਦਿਨ ਥੋੜੇ ਰਹਿ ਗਏ, ਸਰੀਰਕ ਚੋਲਾ ਪੁਰਾਣਾ ਹੋ ਜਾਇਗਾ (ਫਿਰ ਸਿਮਰਨ ਨਹੀਂ ਹੋ ਸਕੇਗਾ)।1। ਰਹਾਉ।

ਮੇਰੇ ਪਿਆਰੇ ਸੱਜਣ ਕਬਰਿਸਤਾਨ ਵਿਚ ਜਾ ਸੁੱਤੇ ਹਨ, (ਮੈਂ ਉਹਨਾਂ ਦੇ ਵਿਛੋੜੇ ਵਿਚ) ਧੀਮੀ ਆਵਾਜ਼ ਨਾਲ ਰੋ ਰਹੀ ਹਾਂ (ਪਰ ਮੈਨੂੰ ਇਹ ਸਮਝ ਨਹੀਂ ਆ ਰਹੀ ਕਿ) ਮੈਂ ਭੀ ਦੁਚਿੱਤੀ ਹੋ ਕੇ (ਉਧਰ ਨੂੰ ਹੀ) ਚੱਲ ਪਵਾਂਗੀ।2।

ਹੇ ਸੁੰਦਰ ਜੀਵ-ਇਸਤ੍ਰੀ! ਤੂੰ ਧਿਆਨ ਨਾਲ ਇਹ ਖ਼ਬਰ ਕਿਉਂ ਨਹੀਂ ਸੁਣਦੀ ਕਿ ਪੇਕਾ-ਘਰ (ਇਸ ਲੋਕ ਦਾ ਵਸੇਬਾ) ਸਦਾ ਨਹੀਂ ਰਹਿ ਸਕਦਾ, ਸਹੁਰੇ ਘਰ (ਪਰਲੋਕ ਵਿਚ) ਜ਼ਰੂਰ ਜਾਣਾ ਪਵੇਗਾ?3।

ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਪੇਕੇ ਘਰ (ਇਸ ਲੋਕ ਵਿਚ ਗ਼ਫ਼ਲਤ ਦੀ ਨੀਂਦ ਵਿਚ) ਸੁੱਤੀ ਰਹੀ, ਇਉਂ ਜਾਣੋ ਕਿ (ਉਸ ਦੇ ਗੁਣਾਂ ਨੂੰ) ਦਿਨ-ਦਿਹਾੜੇ ਹੀ ਸੰਨ੍ਹ ਲੱਗੀ ਰਹੀ। ਉਸ ਨੇ ਗੁਣਾਂ ਦੀ ਗੰਢੜੀ ਗਵਾ ਲਈ, ਉਹ (ਇਥੋਂ) ਔਗੁਣਾਂ ਦੀ ਪੰਡ ਬੰਨ੍ਹ ਕੇ ਲੈ ਤੁਰੀ।4। 24।